File No. PERS-PP-1015/8/2023-2PP1/ 143

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀਜ਼-1 ਸ਼ਾਖਾ)

ਮਿਤੀ, ਚੰਡੀਗੜ੍ਹ, 21.03.2024

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰਜ਼,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਿਪਟੀ ਕਮਿਸ਼ਨਰਜ਼ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ, ਪੰਜਾਬ।

ਵਿਸ਼ਾ:- ਗਰੁੱਪ ਏ, ਬੀ. ਸੀ ਅਤੇ ਡੀ ਦੇ ਅਧਿਕਾਰੀਆਂ /ਕਰਮਚਾਰੀਆਂ ਦੀ ਸਾਲਾਨਾਂ ਏ.ਪੀ.ਏ.ਆਰ ਦੀ ਸਮੇਂ ਸਾਰਣੀ (ਰਿਪੋਰਟਕਰਤਾ/ਰਿਵਿਊਕਰਤਾ/ਪ੍ਰਵਾਨਕਰਤਾ ਅਥਾਰਟੀ ਸਮੇਤ ਸੈਲਫ ਅਪ੍ਰੇਜ਼ਲ ਭਰਨ) ਦਾ ਨਵਾਂ Standard ਸਮਾਂ ਨਿਸ਼ਚਿਤ ਕਰਨ ਸਬੰਧੀ।

******

ਸ਼੍ਰੀਮਾਨ/ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ: PERS-PP-1015/8/2023-2PP1/538912 ਮਿਤੀ 05-04-2023 ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਸਮੂਹ ਪੱਧਰ ਤੇ ਏ.ਪੀ.ਏ.ਆਰਜ਼ ਲਿਖਣ ਸਬੰਧੀ **Standard** ਸਮਾਂ ਸਾਰਣੀ ਜਾਰੀ ਕੀਤੀ ਹੋਈ ਹੈ ਜੋ ਕਿ ਹੇਠ ਮੁੜ ਦਰਸਾਈ ਜਾਂਦੀ ਹੈ:-

| ਲੜੀ ਨੰ: | ਏ.ਪੀ.ਏ.ਆਰ. ਲਿਖਣ ਦਾ ਪੱਧਰ | ਮਿਤੀ |
|---|---|---|
| 1. | ਏ.ਪੀ.ਏ.ਆਰ. ਭਰਨ ਲਈ ਪੋਰਟਲ ਖੋਲਣ ਦੀ ਮਿਤੀ | 01 ਅਪ੍ਰੈਲ ਤੋਂ |
| 2. | ਕਾਡਰ ਕੰਟਰੋਲਿੰਗ ਅਥਾਰਿਟੀ ਵੱਲੋਂ ਪ੍ਰੋਫਾਰਮਾ ਅਪਲੋਡ/ਏ.ਪੀ.ਏ.ਆਰ. initiate ਕਰਨ ਦੀ ਮਿਤੀ | 10 ਅਪ੍ਰੈਲ ਤੱਕ |
| 3. | ਸਬੰਧਤ ਅਧਿਕਾਰੀ/ਕਰਮਚਾਰੀ ਵੱਲੋਂ ਏ.ਪੀ.ਏ.ਆਰ. ਭਰਨ ਉਪਰੰਤ ਰਿਪੋਰਟਕਰਤਾ ਅਧਿਕਾਰੀ ਨੂੰ ਭੇਜਣ/ਡਿਪਟੀ ਕਮਿਸ਼ਨਰ ਨੂੰ ਬਤੌਰ ਰਿਪੋਰਟਕਰਤਾ ਅਧਿਕਾਰੀ ਭੇਜਣ ਦੀ ਮਿਤੀ | 30 ਅਪ੍ਰੈਲ ਤੱਕ |
| 4. | ਡਿਪਟੀ ਕਮਿਸ਼ਨਰ ਵੱਲੋਂ ਬਤੌਰ ਰਿਪੋਰਟਕਰਤਾ ਅਧਿਕਾਰੀ ਭਾਗ-3 ੳ ਤੇ ਰਿਪੋਰਟ ਦਰਜ ਕਰਨ ਉਪਰੰਤ ਵਿਭਾਗੀ ਰਿਪੋਰਟਕਰਤਾ ਅਧਿਕਾਰੀ ਨੂੰ ਭੇਜਣ ਦੀ ਮਿਤੀ | 30 ਮਈ ਤੱਕ |
| 5. | ਵਿਭਾਗੀ ਰਿਪੋਰਟਕਰਤਾ ਅਧਿਕਾਰੀ ਵੱਲੋਂ ਆਪਣੀ ਰਿਪੋਰਟ ਭਾਗ-3 ਅ ਅਤੇ ਭਾਗ-4 ਮੁਕੰਮਲ ਕਰਨ ਉਪਰੰਤ ਰਿਵਿਊਕਰਤਾ ਅਧਿਕਾਰੀ ਨੂੰ ਭੇਜਣ ਦੀ ਮਿਤੀ | 30 ਜੂਨ ਤੱਕ |
| 6. | ਰਿਵਿਊਕਰਤਾ ਅਧਿਕਾਰੀ ਵੱਲੋਂ ਰਿਪੋਰਟ ਰਿਵਿਊ ਕਰਨ ਦੀ ਮਿਤੀ | 15 ਅਗਸਤ ਤੱਕ |
| 7. | ਪ੍ਰਵਾਨਕਰਤਾ ਅਧਿਕਾਰੀ ਵੱਲੋਂ ਰਿਪੋਰਟ ਪ੍ਰਵਾਨ ਕਰਨ ਦੀ ਮਿਤੀ | 30 ਸਤੰਬਰ ਤੱਕ |

2. ਪ੍ਰਸੋਨਲ ਵਿਭਾਗ ਵੱਲੋਂ ਪੱਤਰ ਮਿਤੀ 05.04.2023 ਰਾਹੀਂ ਪਹਿਲਾਂ ਜਾਰੀ ਕੀਤੀ ਇਹ **Standard** ਸਮਾਂ ਸਾਰਣੀ ਇਸ ਵਿੱਤੀ ਸਾਲ 2024-25 ਲਈ ਵੀ ਲਾਗੂ ਹੋਵੇਗੀ। ਆਪਣੇ ਅਧੀਨ ਅਧਿਕਾਰੀਆਂ/ਕਰਮਚਾਰੀਆਂ ਦੀਆਂ ਏ.ਪੀ.ਏ.ਆਰਜ਼., ਇਸ ਨਿਰਧਾਰਤ ਸਮਾਂ ਸਾਰਣੀ ਅਨੁਸਾਰ ਹੀ ਭਰਨਾ ਯਕੀਨੀ ਬਣਾਇਆ ਜਾਵੇ। ਇਸ ਸਮਾਂ ਸਾਰਣੀ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਲੈਣ ਤੋਂ ਗੁਰੇਜ਼ ਕੀਤਾ ਜਾਵੇ।

ਅਧੀਨ ਸਕੱਤਰ, ਪ੍ਰਸੋਨਲ

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰਾਂ/ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ

ਅੰ:ਵਿ:ਪੱ:ਨੰ: ਨੰ: PERS-PP-1015/8/2023-2PP1/144 ਮਿਤੀ, ਚੰਡੀਗੜ੍ਹ: 21.03.2024

ਪਿ:ਅੰ:ਨੰ: ਨੰ: PERS-PP-1015/8/2023-2PP1/ 145 ਮਿਤੀ, ਚੰਡੀਗੜ੍ਹ: 21.03.2024

ਉਕਤ ਦਾ ਇੱਕ ਉਤਾਰਾ ਸੀਨੀਅਰ ਟੈਕਨੀਕਲ ਡਾਇਰੈਕਟਰ ਅਤੇ ਵਿਭਾਗੀ ਮੁੱਖੀ, ਡਿਵੀਜ਼ਨ-4, ਐਨ.ਆਈ.ਸੀ., ਪੰਜਾਬ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ, ਪ੍ਰਸੋਨਲ